ਸ੍ਰੀ ਗੁਰੂ ਅੰਗਦ ਦੇਵ ਜੀ ਦੇ ਗੁਰਤਾਗੱਦੀ ਦਿਵਸ ਸਬੰਧੀ ਮਨਾਏ ਜਾ ਰਹੇ ਜੋੜ ਮੇਲੇ ਵਿੱਚ ਸੰਗਤਾਂ ਦੀ ਭਾਰੀ ਸ਼ਮੂਲੀਅਤ ਨੂੰ ਲੈ ਕੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲੋੜੀਂਦੇ ਪ੍ਰਬੰਧ ਕਰਨ ਲਈ ਵਿਸ਼ੇਸ਼ ਮੀਟਿੰਗ

ਤਰਨਤਾਰਨ, 7 ਸਤੰਬਰ :

ਸ੍ਰੀ ਗੁਰੂ ਅੰਗਦ ਦੇਵ ਜੀ ਦੇ ਗੁਰਤਾਗੱਦੀ ਦਿਵਸ ਸਬੰਧੀ 10 ਸਤੰਬਰ ਨੂੰ ਖਡੂਰ ਸਾਹਿਬ ਵਿਖੇ ਮਨਾਏ ਜਾ ਰਹੇ ਸਲਾਨਾ ਜੋੜ ਮੇਲੇ ਦੇ ਸਬੰਧ ਵਿੱਚ ਸੰਗਤਾਂ ਦੀ ਭਾਰੀ ਸ਼ਮੂਲੀਅਤ ਦੇ ਮੱਦੇਨਜ਼ਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲੋੜੀਂਦੀ ਪ੍ਰਬੰਧ ਕਰਨ ਦੇ ਲਈ ਡਿਪਟੀ ਕਮਿਸ਼ਨਰ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਵਿਸ਼ੇਸ਼ ਮੀਟਿੰਗ ਕੀਤੀ। ਇਸ ਮੌਕੇ ’ਤੇ ਏ.ਡੀ.ਸੀ. (ਜਨਰਲ) ਸ੍ਰੀ ਸੰਦੀਪ ਰਿਸ਼ੀ, ਐਸ.ਡੀ.ਐਮ. ਖਡੂਰ ਸਾਹਿਬ ਡਾ. ਅਮਨਦੀਪ ਕੌਰ, ਐਸ.ਡੀ.ਐਮ. ਪੱਟੀ ਸ੍ਰ. ਸੁਰਿੰਦਰ ਸਿੰਘ, ਐਕਸੀਐਨ ਪੀ.ਡਬਲਯੂ.ਡੀ. ਸ੍ਰ. ਨਰਿੰਦਰ ਸਿੰਘ, ਜ਼ਿਲ੍ਹਾ ਮੰਡੀ ਅਫ਼ਸਰ ਪਾਲ ਸਿੰਘ ਤੇ ਇਲਾਵਾ ਹੋਰ ਅਧਿਕਾਰੀ ਵੀ ਹਾਜ਼ਰ ਸਨ।



ਮੀਟਿੰਗ ਨੂੰ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਨੇ ਇਸ ਮੇਲੇ ਵਿੱਚ ਸੰਗਤਾਂ ਦੀ ਭਾਰੀ ਆਮਦ ਨੂੰ ਦੇਖਦਿਆਂ ਪੁਲਿਸ ਵਿਭਾਗ ਦੇ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਕਿ ਅਮਨ-ਕਾਨੂੰਨ ਦੀ ਸਥਿਤੀ ਬਣਾਏ ਰੱਖਣ ਲਈ ਢੁੱਕਵੇਂ ਪ੍ਰਬੰਧ ਕੀਤੇ ਜਾਣ ਅਤੇ ਆਵਾਜਾਈ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਬਦਲਵੇਂ ਟ੍ਰੈਫਿਕ ਪ੍ਰਬੰਧ ਕੀਤੇ ਜਾਣ। ਉਨ੍ਹਾਂ ਸੰਬੰਧਿਤ ਵਿਭਾਗ ਦੇ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਕਿ ਸਲਾਨਾ ਜੋੜ ਮੇਲੇ ਨੂੰ ਧਿਆਨ ਵਿੱਚ ਰੱਖਦਿਆਂ ਕਸਬਾ ਖਡੂਰ ਸਾਹਿਬ ਦੀ ਸਫ਼ਾਈ ਕਰਵਾਉਣ ਦਾ ਵਿਸ਼ੇਸ਼ ਪ੍ਰਬੰਧ ਕੀਤਾ ਜਾਵੇ।

ਉਨ੍ਹਾਂ ਐਕਸੀਐਨ ਪੀ.ਡਬਲ.ਯੂ.ਡੀ. ਨੂੰ ਆਦੇਸ਼ ਦਿੱਤੇ ਕਿ ਸੰਗਤਾਂ ਦੇ ਭਾਰੀ ਇਕੱਠ ਨੂੰ ਦੇਖਦਿਆਂ ਵੱਖ-ਵੱਖ ਢੁੱਕਵੀਆਂ ਥਾਵਾਂ ’ਤੇ ਆਰਜੀ ਪਬਲਿਕ ਪਖਾਨੇ ਬਣਾਏ ਜਾਣ। ਉਨ੍ਹਾਂ ਜ਼ਿਲ੍ਹਾ ਮੰਡੀ ਅਫ਼ਸਰ ਨੂੰ ਕਿਹਾ ਕਿ ਸੰਗਤਾਂ ਲਈ ਪੀਣ ਵਾਲੇ ਸਾਫ਼ ਪਾਣੀ ਦਾ ਪ੍ਰਬੰਧ ਕਰਨ ਲਈ ਵੱਖ-ਵੱਖ ਥਾਵਾਂ ’ਤੇ ਛਬੀਲ ਲਗਾਈ ਜਾਵੇ ਅਤੇ ਪਾਣੀ ਵਾਲੀ ਪਾਣੀ ਦੀ ਕਲੋਰੀਨੇਸ਼ਨ ਕਰਨੀ ਯਕੀਨੀ ਬਣਾਈ ਜਾਵੇ।

ਉਨ੍ਹਾਂ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਕਿ ਇਸ ਮੇਲੇ ਦੇ ਮੱਦੇਨਜ਼ਰ ਵਿਸ਼ੇਸ਼ ਮੈਡੀਕਲ ਟੀਮਾਂ ਦਾ ਗਠਨ ਕੀਤਾ

ਜਾਵੇ ਤਾਂ ਜੋ ਲੋੜ ਪੈਣ ’ਤੇ ਉਨ੍ਹਾਂ ਦੀ ਸੇਵਾਵਾਂ ਲਈਆਂ ਜਾ ਸਕਣ। ਇਸ ਮੌਕੇ ਉਨ੍ਹਾਂ ਫਾਇਰ ਬ੍ਰਿਗੇਡ ਗੱਡੀਆਂ ਤਿਆਰ ਰੱਖਣ ਲਈ ਵੀ ਸੰਬੰਧਿਤ ਵਿਭਾਗ ਦੇ ਅਧਿਕਾਰੀਆਂ ਨੂੰ ਦਿਸ਼ਾ-ਨਿਰਦੇਸ਼ ਜਾਰੀ ਕੀਤੇ।

------------------

--